8_Dec_Jagraon_5_6_ JAG_+_Khn_7+8_Sanjha.qxd 12/8/2024 11:43 PM Page 2

ਮਾਤਾ ਪ੍ਰਕਾਸ਼ ਕੌਰ ਧਾਲੀਵਾਲ (ਹੰਬੜਾਂ) ਨਮਿਤ ਸ਼ਰਧਾਂਜਲੀ ਸਮਾਰੋਹ

ਵੈਦ, ਲੱਖਾ, ਦਾਖਾ, ਹੰਬੜਾਂ, ਬਸੈਮੀ, ਗਿੱਲ, ਠੇਕੇਦਾਰ, ਕਲੇਰ, ਜੱਗਾ, ਚਾਵਲਾ, ਡਾ. ਹੀਰਾ ਆਦਿ ਆਗੂ ਪੁੱਜੇ

ਹੰਬੜਾਂ, 8 ਦਸੰਬਰ (ਮੇਜਰ ਹੰਬੜਾਂ)-ਨੰਬਰਦਾਰ ਹਰਨੇਕ ਸਿੰਘ ਧਾਲੀਵਾਲ ਦੇ ਪਤਨੀ ਤੇ ਅਗਾਂਹਵਧੂ ਕਿਸਾਨ ਮਹਾਂ ਸਿੰਘ ਬਿੱਟੂ, ਜਸਵੰਤ ਸਿੰਘ ਧਾਲੀਵਾਲ ਕੈਨੇਡਾ ਦੇ ਮਾਤਾ ਪ੍ਰਕਾਸ਼ ਕੌਰ ਨਮਿਤ ਗੁਰਦੁਆਰਾ ਸਾਹਿਬ ਚੜ੍ਹਦੀ ਕਲਾ ਹੰਬੜਾਂ ਵਿਖੇ ਸ਼ਰਧਾਂਜਲੀ ਸਮਾਰੋਹ ਕਰਵਾਇਆ। ਪਾਠ ਦੇ ਭੋਗ ਪਾਏ ਜਾਣ ਉਪਰੰਤ ਭਾਈ ਦਵਿੰਦਰ ਸਿੰਘ ਸੋਢੀ ਸ੍ਰੀਨਗਰ ਵਾਲਿਆਂ ਦੇ ਰਾਗੀ ਜਥੇ ਵਲੋਂ ਕੀਰਤਨ ਕੀਤਾ। ਦੁੱਖ ਦੀ ਘੜੀ 'ਚ ਪਰਿਵਾਰ ਨਾਲ ਸਾਬਕਾ ਵਿਧਾਇਕ ਕੁਲਦੀਪ ਸਿੰਘ ਵੈਦ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ, ਸਾਬਕਾ ਵਿਧਾਇਕ ਗੁਰਕੀਰਤ ਸਿੰਘ ਕੋਟਲੀ ਵਲੋਂ ਗਹਿਰਾ ਦੁੱਖ ਪ੍ਰਗਟ ਕੀਤਾ। ਸਵ: ਮਾਤਾ ਪ੍ਰਕਾਸ਼ ਕੌਰ ਧਾਲੀਵਾਲ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪ੍ਰਧਾਨ ਮਨਜੀਤ ਸਿੰਘ ਹੰਬੜਾਂ ਨੇ ਕਿਹਾ ਕਿ ਮਾਤਾ ਜੀ ਨੇ ਹਮੇਸ਼ਾਂ ਹੀ ਧਾਲੀਵਾਲ ਪਰਿਵਾਰ ਦੀ ਤਰੱਕੀ 'ਚ ਅਹਿਮ ਰੋਲ ਅਦਾ ਕੀਤਾ ਉੱਥੇ ਉਨ੍ਹਾਂ ਦੇ ਆਸ਼ੀਰਵਾਦ ਸਦਕਾ ਸਪੁੱਤਰ ਜਸਵੰਤ ਸਿੰਘ ਧਾਲੀਵਾਲ ਤੇ ਮਹਾਂ ਸਿੰਘ ਬਿੱਟੂ ਵਲੋਂ ਹੰਬੜਾਂ ਨਗਰ ਦੀ ਤਰੱਕੀ 'ਚ ਵੱਡਾ ਯੋਗਦਾਨ ਪਾਇਆ ਹੈ ਅਤੇ ਨੰਬਰਦਾਰ ਹਰਨੇਕ ਸਿੰਘ ਵਲੋਂ ਸਾਂਝੇ ਕਾਰਜਾਂ 'ਚ ਅਹਿਮ ਰੋਲ ਨਿਭਾਇਆ ਜਾ ਰਿਹਾ ਹੈ। ਸਰਪ੍ਰਸਤ ਤੇਜਾ ਸਿੰਘ ਗਿੱਲ, ਸੁਖਮਿੰਦਰ ਸਿੰਘ ਬਸੈਮੀ, ਰਣਜੋਧ ਸਿੰਘ ਜੱਗਾ, ਠੇਕੇਦਾਰ ਹਰਮੋਹਣ ਸਿੰਘ, ਪ੍ਰਧਾਨ ਪਰਮਿੰਦਰ ਸਿੰਘ ਚਾਵਲਾ, ਗੁਰਮੀਤ ਸਿੰਘ ਧਾਲੀਵਾਲ, ਬਲਵੀਰ ਸਿੰਘ ਕਲੇਰ, ਸਰਪੰਚ ਚਰਨ ਸਿੰਘ ਗੁਰੂ, ਸੁਖਦੇਵ ਸਿੰਘ ਝੱਜ, ਨੰਬਰਦਾਰ ਜਗਦੇਵ ਸਿੰਘ ਸੋਨੀ ਧਾਲੀਵਾਲ, ਸੁਖਦੇਵ ਸਿੰਘ ਤੂਰ, ਜਰਨੈਲ ਸਿੰਘ ਧਾਲੀਵਾਲ, ਗੁਰਜੀਤ ਸਿੰਘ ਗੀਟਾ, ਪ੍ਰਧਾਨ ਮਨਦੀਪ ਸਿੰਘ ਵਿਰਕ, ਡਾ. ਸੰਤੋਖ ਸਿੰਘ ਹੀਰਾ ਨੇ ਵੀ ਧਾਲੀਵਾਲ ਪਰਿਵਾਰ ਨਾਲ ਦੁੱਖ ਵੰਡਾਇਆ। ਇਸ ਮੌਕੇ ਮਨਜੀਤ ਸਿੰਘ ਭੈਰੋਮੁੰਨਾਂ, ਜਗਤਾਰ ਸਿੰਘ ਗੋਰਾਹੂਰ, ਸਰਕਲ ਪ੍ਰਧਾਨ ਲਖਵੀਰ ਸਿੰਘ ਗੋਰਾਹੂਰ, ਮੇਜਰ ਸਿੰਘ ਚੀਮਾ, ਮੀਤ ਪ੍ਰਧਾਨ ਭੁਪਿੰਦਰ ਸਿੰਘ ਮਠਾੜੂ, ਪ੍ਰਧਾਨ ਰਾਜਿੰਦਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਟੀਟੂ ਪੁੜੈਣ, ਪ੍ਰਵਾਸੀ ਭਾਰਤੀ ਬਲਵੰਤ ਸਿੰਘ ਝੱਜ, ਜਗਦੇਵ ਸਿੰਘ ਗਿੱਲ, ਬਲਜਿੰਦਰ ਸਿੰਘ ਬਾਸੀ, ਅਰਵਿੰਦ ਸਿੰਘ ਗਿੱਲ, ਅਜੀਤਪਾਲ ਸਿੰਘ, ਬਲਵਿੰਦਰ ਸਿੰਘ ਸੰਧੂ, ਹੈਰੀ ਬੈਂਸ, ਡਾਇਰੈਕਟਰ ਸੁਖਜਿੰਦਰ ਸਿੰਘ ਗਿੱਲ, ਰਾਜਿੰਦਰ ਸਿੰਘ ਵਰਮਾਂ, ਬੇਅੰਤ ਸਿੰਘ ਧਾਲੀਵਾਲ ਭੱਟੀਆਂ, ਕੁਲਦੀਪ ਸਿੰਘ ਧਾਲੀਵਾਲ, ਬਚਿੱਤਰ ਸਿੰਘ ਨੌਰਥ, ਵਿਸਾਖਾ ਸਿੰਘ ਗਰੇਵਾਲ, ਗੁਰਦੇਵ ਸਿੰਘ ਚਾਹਲ, ਚੈਂਚਲ ਸਿੰਘ ਚੀਮਾ, ਰਣਜੀਤ ਸਿੰਘ ਚੀਮਾਂ, ਮੇਵਾ ਸਿੰਘ ਸਲੇਮਪੁਰ, ਕਿਸਾਨ ਆਗੂ ਸੁਖਵਿੰਦਰ ਸਿੰਘ ਮਾਂਗਟ, ਆੜ੍ਹਤੀਆ ਕ੍ਰਿਸ਼ਨ ਕੁਮਾਰ ਧੋਤੀ ਵਾਲਾ, ਆੜ੍ਹਤੀਆ ਜਗਤਾਰ ਸਿੰਘ ਕੈਲੇ, ਕਿਸਾਨ ਆਗੂ ਬਲਵਿੰਦਰ ਸਿੰਘ ਭੈਰੋਮੁੰਨਾਂ, ਸਾਬਕਾ ਸਰਪੰਚ ਗੁਰਬੰਤ ਸਿੰਘ ਬੌਬੀ ਕੋਟਲੀ, ਪ੍ਰਧਾਨ ਗੁਰਨਾਮ ਸਿੰਘ ਝੱਜ, ਮਾ: ਅਵਤਾਰ ਸਿੰਘ ਗਰੇਵਾਲ, ਕੇਹਰ ਸਿੰਘ ਰਾਊਵਾਲ ਵਾਲੇ, ਜਸਵੀਰ ਸਿੰਘ ਹੀਰਾ, ਮੀਤ ਪ੍ਰਧਾਨ ਕਮਲਦੀਪ ਸਿੰਘ ਬਾਦਲ, ਪਰਮਿੰਦਰ ਸਿੰਘ ਧਾਲੀਵਾਲ, ਪੰਚ ਅਜੀਤ ਸਿੰਘ ਢਿੱਲੋਂ, ਜਸਵੰਤ ਸਿੰਘ ਧਾਲੀਵਾਲ, ਦਵਿੰਦਰ ਕੁਮਾਰ ਸ਼ਰਮਾ, ਪੰਚ ਸੁਖਜੀਤ ਸਿੰਘ ਬਾਠ, ਜਗਦੇਵ ਸਿੰਘ ਧਾਲੀਵਾਲ, ਭੁਪਿੰਦਰ ਸਿੰਘ ਭੱਟੀਆਂ, ਅਮਰਜੀਤ ਸਿੰਘ ਧਾਲੀਵਾਲ, ਮਨੀ ਧਾਲੀਵਾਲ, ਗੁਰਤੇਜ ਸਿੰਘ ਗਿੱਲ ਹੰਬੜਾਂ, ਮਨੀ ਹੁੰਦਲ ਸਮੇਤ ਹੋਰ ਪੰਚ-ਸਰਪੰਚ ਰਿਸ਼ਤੇਦਾਰ ਸਕੇ ਸੰਬੰਧੀਆਂ ਵਲੋਂ ਹਾਜ਼ਰੀ ਭਰੀ।

ਜਸਵੰਤ ਸਿੰਘ ਧਾਲੀਵਾਲ, ਮਹਾਂ ਸਿੰਘ ਬਿੱਟੂ ਦੇ ਮਾਤਾ ਪ੍ਰਕਾਸ਼ ਕੌਰ ਧਾਲੀਵਾਲ ਪਤਨੀ ਨੰਬਰਦਾਰ ਹਰਨੇਕ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਪ੍ਰਧਾਨ ਮਨਜੀਤ ਸਿੰਘ ਹੰਬੜਾਂ, ਜਥੇਦਾਰ ਸ਼ਰਨਜੀਤ ਸਿੰਘ ਸਾਹਨੀ ਅਤੇ ਭਾਈ ਦਵਿੰਦਰ ਸਿੰਘ ਸ੍ਰੀਨਗਰ ਨੂੰ ਲੋਈ ਭੇਟ ਕਰਦੇ ਹੋਏ ਮਹਾਂ ਸਿੰਘ ਬਿੱਟੂ, (ਹੇਠਾਂ) ਸੁਖਮਿੰਦਰ ਸਿੰਘ ਬਸੈਮੀ, ਠੇਕੇਦਾਰ ਹਰਮੋਹਣ ਸਿੰਘ, ਡਾ. ਸੰਤੋਖ ਸਿੰਘ ਹੀਰਾ, ਨੰਬਰਦਾਰ ਜਗਦੇਵ ਸਿੰਘ ਸੋਨੀ ਧਾਲੀਵਾਲ ਤੇ ਹੋਰ। ਤਸਵੀਰਾਂ : ਮੇਜਰ ਹੰਬੜਾਂ

'ਦਾ ਅਬਰੌਡ ਕਨਸੰਲਟੈਂਟਸ' ਇੰਮੀਗ੍ਰੇਸ਼ਨ ਕੰਪਨੀ ਬ੍ਰਾਂਚ ਰਾਏਕੋਟ ਦੀ ਵਰ੍ਹੇਗੰਢ ਦੇ ਸਮਾਗਮ ਦੌਰਾਨ ਕੇਕ ਕੱਟਦੇ ਹੋਏ ਚੇਅਰਮੈਨ ਅਮਰਜੀਤ ਸਿੰਘ ਸਹਿਬਾਜਪੁਰਾ, ਨਾਲ ਖੜ੍ਹੇ ਅੰਕਿਤ ਗਰਗ ਤੇ ਸਾਹਿਬ ਕੜਵਲ। ਤਸਵੀਰ : ਬਲਵਿੰਦਰ ਸਿੰਘ ਲਿੱਤਰ

ਦਾ ਅਬਰੌਡ ਕਨਸੰਲਟੈਂਟਸ ਬਰਾਂਚ ਰਾਏਕੋਟ ਨੇ ਇਕ ਵਰ੍ਹਾ ਸਫ਼ਲਤਾਪੂਰਵਕ ਕੀਤਾ ਪੂਰਾ

- ਵਰ੍ਹੇਗੰਢ ਮੌਕੇ ਕੇਕ ਕੱਟਦਿਆਂ ਇਕ ਸਾਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਇਮੀਗ੍ਰੇਸ਼ਨ ਦੇ ਖੇਤਰ 'ਚ ਚੰਗੀਆਂ ਸੇਵਾਵਾਂ ਨਿਭਾਅ ਰਹੀ 'ਦਾ ਅਬਰੌਡ ਕਨਸੰਲਟੈਂਟਸ' ਇੰਮੀਗ੍ਰੇਸ਼ਨ ਕੰਪਨੀ ਬ੍ਰਾਂਚ ਰਾਏਕੋਟ ਵਿਦੇਸ਼ ਜਾਣ ਦੇ ਚਾਹਵਾਨ ਲੋਕਾਂ ਲਈ ਇਕ ਚਾਨਣਾ ਮੁਨਾਰਾ ਸਾਬਿਤ ਹੋ ਰਹੀ ਹੈ। ਇਸ ਮੌਕੇ ਇੰਮੀਗ੍ਰੇਸ਼ਨ ਕੰਪਨੀ ਬ੍ਰਾਂਚ ਰਾਏਕੋਟ ਦੇ ਮੈਨੇਜਿੰਗ ਡਾਇਰੈਕਟਰ ਅੰਕਿਤ ਗਰਗ ਤੇ ਚੇਅਰਮੈਨ ਸਾਹਿਬ ਕੜਵਲ ਨੇ ਦੱਸਿਆ ਕਿ ਉਨ੍ਹਾਂ ਦੀ ਕੰਪਨੀ 'ਦਾ ਅਬਰੌਡ ਕਨਸੰਲਟੈਂਟਸ' ਵਲੋਂ ਰਾਏਕੋਟ ਵਿਖੇ ਆਪਣੀ ਬ੍ਰਾਂਚ ਦਾ ਇਕ ਸਾਲ ਪੂਰਾ ਕਰ ਲਿਆ ਗਿਆ ਹੈ, ਜਿਸ ਦੀ ਵਰ੍ਹੇਗੰਢ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਮਾਰਕੀਟ ਕਮੇਟੀ ਰਾਏਕੋਟ ਦੇ ਸਾਬਕਾ ਚੇਅਰਮੈਨ ਤੇ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਅਮਰਜੀਤ ਸਿੰਘ ਸਹਿਬਾਜਪੁਰਾ ਵਲੋਂ ਕੇਕ ਕੱਟਣ ਦੀ ਰਸਮ ਅਦਾ ਕੀਤੀ ਗਈ। ਸਮਾਗਮ ਦੌਰਾਨ ਆੜ੍ਹਤੀਆ ਐਸੋਸੀਏਸ਼ਨ ਰਾਏਕੋਟ ਦੇ ਪ੍ਰਧਾਨ ਸੁਰੇਸ਼ ਗਰਗ, ਯੂਥ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਗਗਨਪ੍ਰੀਤ ਸਿੰਘ ਛੰਨਾਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦੌਰਾਨ ਆਏ ਮਹਿਮਾਨਾਂ ਵਲੋਂ 'ਦੀ ਅਬਰੌਡ ਕਨਸੰਲਟੈਂਟਸ' ਕੰਪਨੀ ਦੇ ਸਮੂਹ ਮੈਂਬਰਾਂ ਨੂੰ ਵਰ੍ਹੇਗੰਢ ਮੌਕੇ ਮੁਬਾਰਕਵਾਦ ਦਿੱਤੀ ਅਤੇ ਕੰਪਨੀ ਦੇ ਉੱਜਵਲ ਭਵਿੱਖ ਲਈ ਕਾਮਨਾਵਾਂ ਕੀਤੀਆਂ। ਇਸ ਮੌਕੇ ਇੰਮੀਗ੍ਰੇਸ਼ਨ ਕੰਪਨੀ ਬ੍ਰਾਂਚ ਰਾਏਕੋਟ ਦੇ ਮੈਨੇਜਿੰਗ ਡਾਇਰੈਕਟਰ ਅੰਕਿਤ ਗਰਗ ਤੇ ਚੇਅਰਮੈਨ ਸਾਹਿਬ ਕੜਵਲ ਨੇ ਵਿਦੇਸ਼ ਜਾਣ ਦੇ ਚਾਹਵਾਨਾਂ ਨੂੰ ਅਪੀਲ ਕੀਤੀ ਕਿ ਬਿਨ੍ਹਾਂ ਕਿਸੇ ਖੱਜਲ-ਖੁਆਰੀ ਦੇ ਵਿਦੇਸ਼ ਜਾਣ ਲਈ ਉਨ੍ਹਾਂ ਦੇ ਦਫ਼ਤਰ ਪਹੁੰਚ ਕੀਤੀ ਜਾਵੇ। ਇਸ ਮੌਕੇ ਗਗਨਦੀਪ ਕੌਰ, ਵੀਰਪਾਲ ਕੌਰ, ਪ੍ਰੀਤਮ ਸਿੰਘ ਗੋਗੀ ਜਲਾਲਦੀਵਾਲ, ਗੋਲਡੀ ਉੱਪਲ, ਜਰਨੈਲ ਸਿੰਘ ਗੋਂਦਵਾਲ, ਜਸਵੀਰ ਸਿੰਘ (ਚੇਅਰਮੈਨ) ਆਦਿ ਹਾਜ਼ਰ ਸਨ।

ਸਮਾਗਮ ਉਪਰੰਤ ਸਨਮਾਨਿਤ ਕਰਦੇ ਹੋਏ ਕੈਪਟਨ ਸੰਦੀਪ ਸੰਧੂ। ਨਾਲ ਰਵਿੰਦਰ ਸਿੰਘ ਰੋਮੀ ਤੇ ਪਿੰਡ ਵਾਸੀ। ਤਸਵੀਰ: ਸੁਖਜੀਤ ਸਿੰਘ ਖੇੜਾ

ਗਰਾਮ ਪੰਚਾਇਤ ਛਪਾਰ ਵਲੋਂ ਧਾਰਮਿਕ ਸਮਾਗਮ ਤੇ ਸਨਮਾਨ ਸਮਾਰੋਹ

ਅਹਿਮਦਗੜ੍ਹ, 8 ਦਸੰਬਰ (ਸੁਖਜੀਤ ਸਿੰਘ ਖੇੜਾ) - ਨਵੀਂ ਬਣੀ ਪਿੰਡ ਛਪਾਰ ਦੀ ਪੰਚਾਇਤ ਵਲੋਂ ਸਰਪੰਚ ਕੁਲਦੀਪ ਸਿੰਘ ਬੋਪਾਰਾਏ ਅਤੇ ਰਵਿੰਦਰ ਸਿੰਘ ਰੋਮੀ ਦੀ ਅਗਵਾਈ ਹੇਠ ਗੁਰਦੁਆਰਾ ਸਿੰਘ ਸਭਾ ਪਿੰਡ ਛਪਾਰ ਵਿਖੇ ਵਾਹਿਗੁਰੂ ਦੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਅਤੇ ਰਾਗੀ ਜੱਥੇ ਵਲੋਂ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਲਕਾ ਦਾਖਾ ਦੇ ਕਾਂਗਰਸ ਇੰਚਾਰਜ ਕੈਪਟਨ ਸੰਦੀਪ ਸੰਧੂ ਕਾਂਗਰਸ ਜਨਰਲ ਸਕੱਤਰ ਅਤੇ ਸਾਬਕਾ ਕਾਂਗਰਸੀ ਵਿਧਾਇਕ ਜਸਵੀਰ ਸਿੰਘ ਜੱਸੀ ਖੰਗੂੜਾ ਨੇ ਪਹੁੰਚ ਕੇ ਸਰਪੰਚ ਕੁਲਦੀਪ ਸਿੰਘ, ਪੰਚ ਪਾਲ ਸਿੰਘ, ਪੰਚ ਮਹਿੰਦਰ ਸਿੰਘ, ਪੰਚ ਜਗਦੇਵ ਸਿੰਘ, ਦਰਸ਼ਨ ਸਿੰਘ ਦਰਸ਼ੀ, ਪੰਚ ਰਛਪਾਲ ਸਿੰਘ, ਪੰਚ ਪਰਮਜੀਤ ਕੌਰ, ਪੰਚ ਸਵਰਨਜੀਤ ਕੌਰ, ਪੰਚ ਸਪਿੰਦਰਜੀਤ ਕੌਰ, ਪੰਚ ਕਿਰਨਦੀਪ ਸ਼ਰਮਾਂ ਤੇ ਸਮੁੱਚੀ ਪੰਚਾਇਤ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਅਮਰਦੀਪ ਸਿੰਘ ਰੂਬੀ, ਸਾਬਕਾ ਉਪ ਚੇਅਰਮੈਨ ਕਮਲਪ੍ਰੀਤ ਸਿੰਘ ਖੰਗੂੜਾ, ਕਿੱਟੂ ਥਾਪਰ, ਪ੍ਰਿੰਸੀਪਲ ਹਰਦੇਵ ਸਿੰਘ ਸੋਖੋਂ, ਪ੍ਰਧਾਨ ਰਾਕੇਸ਼ ਗਰਗ, ਡਾ, ਅਰੁਣ ਵਰਮਾਂ, ਭੁਪਿੰਦਰ ਠੁਣੀਆਂ, ਐਰਿਕ ਬੋਪਾਰਾਏ, ਮਿੱਟੂ ਪਟਵਾਰੀ, ਫਤਿਹ ਵੀਰ ਸਿੰਘ ਬੋਪਾਰਾਏ, ਚਰਨੀ ਮਿੰਨੀ ਛਪਾਰ, ਡਾ. ਬਲਵੰਤ ਸਿੰਘ, ਹਰਪਾਲ ਸਿੰਘ ਬੈਂਕ ਵਾਲੇ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਜੂਦ ਸਨ।

ਗੁਰਦੁਆਰਾ ਭਗਤ ਰਵਿਦਾਸ ਪਿੰਡ ਸਹਿਬਾਜਪੁਰਾ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਹਾਲ ਦੀ ਨੀਂਹ ਰੱਖਦੇ ਹੋਏ ਚੇਅਰਮੈਨ ਅਮਰਜੀਤ ਸਿੰਘ ਸਹਿਬਾਜਪੁਰਾ, ਸਰਪੰਚ ਡਾ. ਬਲਜੀਤ ਸਿੰਘ ਤੇ ਕਮੇਟੀ ਪ੍ਰਧਾਨ ਮਾਨ ਸਿੰਘ। ਅਜੀਤ ਤਸਵੀਰ

ਸਹਿਬਾਜ਼ਪੁਰਾ ਵਿਖੇ ਗੁਰਦੁਆਰਾ ਭਗਤ ਰਵਿਦਾਸ ਜੀ ਦੇ ਅਸਥਾਨ 'ਤੇ ਦਰਬਾਰ ਹਾਲ ਦੀ ਨੀਂਹ ਦੀ ਇੱਟ ਲਗਾਈ

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਪਿੰਡ ਸਹਿਬਾਜ਼ਪੁਰਾ ਵਿਖੇ ਗੁਰਦੁਆਰਾ ਸਾਹਿਬ ਭਗਤ ਰਵਿਦਾਸ ਦੇ ਅਸਥਾਨ 'ਤੇ ਕਾਰ ਸੇਵਾ ਸਮੂਹ ਨਗਰ ਵਾਸੀਆਂ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਜਿਸ ਦੌਰਾਨ ਗੁਰਦੁਆਰਾ ਸਾਹਿਬ ਦੀ ਦੂਜੀ ਮੰਜ਼ਿਲ 'ਤੇ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆ ਅਰਦਾਸ ਬੇਨਤੀ ਕਰਨ ਉਪਰੰਤ ਸ੍ਰੀ ਦਰਬਾਰ ਸਾਹਿਬ ਦੇ ਹਾਲ ਦੀ ਨੀਂਹ ਰੱਖੀ ਗਈ ਹੈ। ਇਸ ਮੌਕੇ ਚੇਅਰਮੈਨ ਅਮਰਜੀਤ ਸਿੰਘ ਸਹਿਬਾਜਪੁਰਾ, ਸਰਪੰਚ ਡਾ. ਬਲਜੀਤ ਸਿੰਘ ਉੱਪਲ ਤੇ ਗੁਰਦੁਆਰਾ ਕਮੇਟੀ ਪ੍ਰਧਾਨ ਮਾਨ ਸਿੰਘ ਨੇ ਦੱਸਿਆ ਕਿ ਇਹ ਕਾਰਸੇਵਾ ਸਮੂਹ ਨਗਰ ਵਾਸੀਆਂ, ਐੱਨ. ਆਰ. ਆਈ. ਵੀਰਾਂ ਤੇ ਗ੍ਰਾਮ ਪੰਚਾਇਤ ਵਲੋਂ ਦਿੱਤੇ ਜਾ ਰਹੇ ਸਹਿਯੋਗ ਨਾਲ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ ਦੂਜੀ ਮੰਜ਼ਿਲ ਉੱਪਰ 4 ਹਜ਼ਾਰ ਵਰਗ ਫੁੱਟ ਦੇ ਸ੍ਰੀ ਦਰਬਾਰ ਸਾਹਿਬ ਦੇ ਹਾਲ ਬਣਾਉਣ ਦੀ ਨੀਂਹ ਰੱਖੀ ਗਈ ਹੈ, ਜੋ ਕਾਰਜ ਨੂੰ ਜਲਦ ਨੇਪਰੇ ਚਾੜ੍ਹਿਆ ਜਾਵੇਗਾ। ਇਸ ਮੌਕੇ ਉਜਾਗਰ ਸਿੰਘ ਧਾਲੀਵਾਲ, ਦਰਸ਼ਨ ਸਿੰਘ ਮਾਨ, ਪੰਚ ਸਵਰਨ ਸਿੰਘ, ਪੰਚ ਜਰਨੈਲ ਸਿੰਘ, ਪੰਚ ਕੇਵਲ ਸਿੰਘ, ਪੰਚ ਕੁਲਵੰਤ ਸਿੰਘ, ਪੰਚ ਹਰਜੀਤ ਸਿੰਘ, ਪੰਚ ਸ਼ਿਵ ਲਾਲ, ਕੈਪਟਨ ਜਗਰੂਪ ਸਿੰਘ, ਅਜਮੇਰ ਸਿੰਘ, ਫੌਜੀ ਜਸਵਿੰਦਰ ਸਿੰਘ, ਪੰਚ ਪਰਮਜੀਤ ਸਿੰਘ, ਪੰਚ ਜਸਪਾਲ ਸਿੰਘ, ਬਲਦੇਵ ਸਿੰਘ ਬਿਜਲੀ ਮੁਲਾਜ਼ਮ, ਜਗਤਾਰ ਸਿੰਘ ਸੈਕਟਰੀ, ਮੁਕੰਦ ਸਿੰਘ, ਪ੍ਰਧਾਨ ਗੁਰਦੀਪ ਸਿੰਘ, ਪ੍ਰਧਾਨ ਜਗਸੀਰ ਸਿੰਘ ਗਰੇਵਾਲ, ਕਰਮ ਸਿੰਘ, ਰਾਜਵਿੰਦਰ ਸਿੰਘ, ਹਰਨੇਕ ਸਿੰਘ, ਗ੍ਰੰਥੀ ਗੁਰਬਖਸ਼ ਸਿੰਘ, ਮੁਖਤਿਆਰ ਸਿੰਘ ਉੱਪਲ, ਮਿਸਤਰੀ ਮਹਿੰਦਰ ਸਿੰਘ, ਕਸ਼ਮੀਰ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

ਪਿੰਡ ਸਿੱਧਵਾਂ ਕਲਾਂ ਵਿਖੇ ਮੀਟਿੰਗ ਦੌਰਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਨਿੰਦਾ ਕਰਦੇ ਹੋਏ ਹਰਦੇਵ ਸਿੰਘ ਸਿੱਧਵਾਂ, ਮਨਦੀਪ ਸਿੰਘ ਸਿੱਧਵਾਂ, ਕਰਮਜੀਤ ਸਿੰਘ ਕਰਮਾਂ ਸਿੱਧਵਾਂ, ਪ੍ਰਧਾਨ ਹਰਵਿੰਦਰ ਸਿੰਘ ਸਿੱਧਵਾਂ ਨਾਲ ਅਕਾਲੀ ਆਗੂ। ਤਸਵੀਰ : ਤੇਜਿੰਦਰ ਸਿੰਘ ਚੱਢਾ

ਸੁਖਬੀਰ 'ਤੇ ਹੋਏ ਹਮਲੇ ਦੀ ਅਕਾਲੀ ਆਗੂਆਂ ਨੇ ਕੀਤੀ ਨਿਖੇਧੀ

ਚੌਂਕੀਮਾਨ, 8 ਦਸੰਬਰ (ਤੇਜਿੰਦਰ ਸਿੰਘ ਚੱਢਾ)-ਪਿੰਡ ਸਿੱਧਵਾਂ ਕਲਾਂ ਵਿਖੇ ਅਕਾਲੀ ਆਗੂ ਹਰਦੇਵ ਸਿੰਘ ਸਿੱਧਵਾਂ (ਸਾਬਕਾ ਪੰਚ), ਮਨਦੀਪ ਸਿੰਘ ਸਿੱਧਵਾਂ, ਕਰਮਜੀਤ ਸਿੰਘ ਕਰਮਾਂ ਸਿੱਧਵਾਂ, ਪ੍ਰਧਾਨ ਹਰਵਿੰਦਰ ਸਿੰਘ ਸਿੱਧਵਾਂ, ਪੰਚ ਮਨਜੀਤ ਸਿੰਘ ਤੇ ਪੰਚ ਮੇਵਾ ਸਿੰਘ ਦੀ ਅਗਵਾਈ 'ਚ ਹੋਈ ਮੀਟਿੰਗ ਵਿਚ ਸਮੁੱਚੇ ਅਕਾਲੀ ਆਗੂਆਂ ਨੇ ਸੂਬੇ ਦੇ ਸਾਬਕਾ ਉੱਪ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਹੋਏ ਹਮਲੇ ਦੀ ਨਿਖੇਧੀ ਕੀਤੀ ਤੇ ਕਿਹਾ ਕਿ ਇਹ ਮੰਦਭਾਗੀ ਘਟਨਾ ਹੈ ਕਿਉਂਕਿ ਗੁਰੂ ਘਰ 'ਚ ਅਜਿਹੀਆਂ ਘਟਨਾ ਨਹੀਂ ਹੋਣੀਆਂ ਚਾਹੀਦੀਆਂ। ਉਕਤ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕੇ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਮੇਜਰ ਸਿੰਘ, ਨੰਦ ਸਿੰਘ, ਪੰਚ ਜਿੰਦਰ ਸਿੰਘ, ਪਰਮਿੰਦਰ ਸਿੰਘ, ਸੁਰਜੀਤ ਸਿੰਘ, ਗੁਰਸੇਵਕ ਸਿੰਘ, ਹਰੀਪਾਲ ਸਿੰਘ, ਜੱਗਾ ਸਿੰਘ, ਸਾਬਕਾ ਸਰਪੰਚ ਰਛਪਾਲ ਸਿੰਘ, ਦਲਜੀਤ ਸਿੰਘ ਕੱਕੂ,